ਨੰ: 2/81/09-2ਸਿ3 1807

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
ਮਾਤਾ ਸਾਹਿਬ ਕੌਰ ਪਬਲਿਕ ਸਕੂਲ, ਮੰਡੀ ਗੁਰੂ ਹਰਸਹਾਏ,
ਜ਼ਿਲ੍ਹਾ ਫਿਰੋਜ਼ਪੁਰ।

ਮਿਤੀ,ਚੰਡੀਗੜ੍ਹ 27-6-09

ਵਿਸ਼ਾ:- **ਮਾਤਾ ਸਾਹਿਬ ਕੌਰ ਪਬਲਿਕ ਸਕੂਲ, ਮੰਡੀ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.), **ਫਿਰੋਜ਼ਪੁਰ** ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸ਼ਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

----

ਪਿੱਠ ਅੰਕਣ ਨੰ: 2/81/09-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/57-2009 ਗ੍ਰਾਂਟ 1(4), ਮਿਤੀ 25-6-09 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. **ਮਾਤਾ ਸਾਹਿਬ ਕੌਰ ਪਬਲਿਕ ਸਕੂਲ, ਮੰਡੀ ਗੁਰੂ ਹਰਸਹਾਏ**, ਜ਼ਿਲ੍ਹਾ: **ਫਿਰੋਜ਼ਪੁਰ** ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।
(ਨੱਥੀ ਮਿਸਲ)

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

Mata Sahib Kaur Public School
Educational Society
Manager

Principal
Mata Sahib Kaur Public School
Guru Har Sahai (Ferozepur)
Affiliation No. 1630586